19-Oct-Punjab-3Star.qxd 10/19/2025 9:12 PM Page 2

ਸਮਾਜ ਸੇਵਕ ਮਨਜੀਤ ਸਿੰਘ ਚੌਹਾਨ (ਸਨੌਰ) ਨੂੰ ਸੰਤ ਬਾਬਾ ਮੋਹਣ ਸਿੰਘ ਮੈਮੋਰੀਅਲ ਰਾਸ਼ਟਰੀ ਨਿਸ਼ਕਾਮ ਸਮਾਜ ਸੇਵੀ ਸੰਤ ਰਤਨ ਨਾਲ ਸਨਮਾਨਿਤ ਕਰਦੇ ਹੋਏ ਸੰਤ ਬਾਬਾ ਬਲਬੀਰ ਸਿੰਘ, ਨਾਲ ਸੰਤ ਮਨਮੋਹਣ ਸਿੰਘ ਬਾਰਨ ਵਾਲੇ ਤੇ ਹੋਰ ਸਮਾਜਿਕ ਆਗੂ। ਤਸਵੀਰ : ਮੋਹਣ ਸਿੰਘ ਭੱਟੀ

ਪਿੰਗਲਾ ਆਸ਼ਰਮ ਸਨੌਰ ਦੇ 31ਵੇਂ ਸਾਲਾਨਾ ਯਾਦਗਾਰੀ ਦਿਵਸ ਮੌਕੇ ਸਮੂਹਿਕ ਵਿਆਹ

ਲੋੜਵੰਦਾਂ ਦੀ ਸੇਵਾ ਨੂੰ ਸਮਰਪਿਤ ਜੀਵਨ ਹੀ ਸਾਰਥਕ ਜੀਵਨ ਹੈ-ਸੰਤ ਬਾਬਾ ਬਲਬੀਰ ਸਿੰਘ

ਸਨੌਰ, 19 ਅਕਤੂਬਰ (ਮੋਹਣ ਸਿੰਘ ਭੱਟੀ)-ਸਮਾਜ ਸੇਵਾ ਨੂੰ ਸਮਰਪਿਤ ਸੰਸਥਾ ਆਲ ਇੰਡੀਆ ਪਿੰਗਲਾ ਆਸ਼ਰਮ ਸਨੌਰ ਰੋਡ, ਪਟਿਆਲਾ ਦੇ ਬਾਨੀ ਸੱਚਖੰਡ ਵਾਸੀ ਸੰਤ ਬਾਬਾ ਮੋਹਣ ਸਿੰਘ ਦਾ 31ਵਾਂ ਸਾਲਾਨਾ ਯਾਦਗਾਰੀ ਦਿਵਸ ਮੁਖੀ ਸੰਤ ਬਾਬਾ ਬਲਬੀਰ ਸਿੰਘ ਦੀ ਅਗਵਾਈ 'ਚ ਧੂਮਧਾਮ ਦੇ ਨਾਲ ਮਨਾਇਆ ਗਿਆ। ਇਸ ਮੌਕੇ ਅਖੰਡ ਪਾਠ ਦੀਆਂ ਲੜੀਆਂ ਦੇ ਭੋਗ ਪਾਏ ਗਏ। ਸਮਾਗਮ 'ਚ ਸਟੇਜ ਸਕੱਤਰ ਦੀ ਭੂਮਿਕਾ ਜਥੇਦਾਰ ਕ੍ਰਿਸ਼ਨ ਸਿੰਘ ਸਨੌਰ ਨੇ ਬਾਖੂਬੀ ਨਿਭਾਈ। ਇਸ ਮੌਕੇ 'ਤੇ ਹਰ ਸਾਲ ਦੀ ਤਰ੍ਹਾਂ ਸਮਾਜਿਕ ਤੌਰ 'ਤੇ ਨਿਸ਼ਕਾਮ ਸੇਵਾਵਾਂ ਲਈ ਵਿਸ਼ੇਸ਼ ਸਮਾਜ ਸੇਵਕ ਮਨਜੀਤ ਸਿੰਘ ਚੌਹਾਨ (ਸਨੌਰ) ਨੂੰ ਸੰਤ ਬਾਬਾ ਮੋਹਣ ਸਿੰਘ ਮੈਮੋਰੀਅਲ ਨਿਸ਼ਕਾਮ ਸਮਾਜ ਸੇਵੀ ਸੰਤ ਰਤਨ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦੇ ਹੋਏ ਮੁੱਖ ਸੰਚਾਲਕ ਸੰਤ ਬਾਬਾ ਬਲਬੀਰ ਸਿੰਘ ਨੇ ਕਿਹਾ ਕਿ ਸਮਾਜ ਵਿਚ ਲੋੜਵੰਦਾਂ ਦੀ ਸੇਵਾ ਨੂੰ ਸਮਰਪਿਤ ਜੀਵਨ ਹੀ ਸਾਰਥਿਕ ਸੰਤ ਜੀਵਨ ਹੈ। ਸੰਤ ਮਨਮੋਹਣ ਸਿੰਘ ਗੁਰਦੁਆਰਾ ਬਾਰਨ ਸਾਹਿਬ ਪਟਿਆਲਾ ਵਾਲਿਆਂ ਨੇ ਸਮੂਹਿਕ ਅਨੰਦ ਕਾਰਜ ਦੀ ਮਰਿਆਦਾ ਸੰਪੰਨ ਕੀਤੀ ਅਤੇ ਉਨ੍ਹਾਂ ਦੇ ਸੁਖੀ ਗ੍ਰਹਿਸਤ ਜੀਵਨ ਲਈ ਗ੍ਰੰਥੀ ਸਿੰਘ ਸਾਹਿਬ ਭਾਈ ਜਗਦੇਵ ਸਿੰਘ ਤੇਜਾ ਨੇ ਅਰਦਾਸ ਕੀਤੀ। ਸੰਤ ਮਨਮੋਹਣ ਸਿੰਘ ਬਾਰਨ ਵਾਲਿਆਂ ਨਾਲ ਸੰਤ ਬਾਬਾ ਪ੍ਰੀਤਮ ਸਿੰਘ ਰਾਜਪੁਰਾ ਵਾਲੇ, ਸੰਤ ਸੁਖਦੇਵ ਸਿੰਘ ਅਮਨ ਨਗਰ ਵਾਲੇ ਸਮੇਤ ਹੋਰ ਸੰਤ ਮਹਾਂਪੁਰਸ਼ਾਂ ਨੇ ਵੀ ਗੁਰਬਾਣੀ ਕਥਾ, ਕੀਰਤਨ ਅਤੇ ਕਵੀਸ਼ਰੀ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਨਵ-ਵਿਵਾਹਿਤ ਜੋੜੀਆਂ ਨੂੰ ਗ੍ਰਹਿਸਤ ਜੀਵਨ ਦੀ ਜ਼ਰੂਰਤ ਨਾਲ ਸੰਬੰਧਿਤ ਘਰੇਲੂ ਸਾਮਾਨ ਵੀ ਦਿੱਤਾ ਗਿਆ। ਇਸ ਮੌਕੇ ਹਲਕਾ ਘਨੌਰ ਦੀ ਸਾਬਕਾ ਵਿਧਾਇਕਾ ਬੀਬੀ ਹਰਪ੍ਰੀਤ ਕੌਰ ਮੁਖਮੈਲਪੁਰ, ਕਰਨਲ ਬਲਵਿੰਦਰਪਾਲ ਸਿੰਘ ਚੀਮਾ, ਇੰਜ. ਮਾਲਵਿੰਦਰ ਸਿੰਘ ਚੱਠਾ, ਪ੍ਰਿੰਸੀਪਲ ਅਜੀਤ ਸਿੰਘ ਭੱਟੀ, ਮਨਜੀਤ ਸਿੰਘ ਬਰਾੜ ਸਾਬਕਾ ਐਸ.ਪੀ., ਸਰਬ ਧਰਮ ਕਲੱਬ ਤੋਂ ਭੁਪਿੰਦਰ ਸਿੰਘ ਚਾਚੂ, ਗੌਰਵ ਸੰਧੂ ਜਨਰਲ ਸਕੱਤਰ, ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਇੰਦਰਜੀਤ ਸਿੰਘ ਸੰਧੂ ਵਾਇਸ ਚੇਅਰਮੈਨ, ਹਰਨੇਕ ਸਿੰਘ ਢੋਟ, ਹਰਮਿੰਦਰ ਸਿੰਘ ਹਰਮਨ ਲੁਧਿਆਣਾ, ਮੋਹਨ ਲਾਲ ਖੰਨਾ, ਕੁੰਦਨ ਗੋਗੀਆ ਮੇਅਰ ਪਟਿਆਲਾ, ਸੰਜੀਵ ਧੀਮਾਨ ਵਿਰਸਾ ਸੰਭਾਲ ਮੰਚ ਬੀਜੇਪੀ, ਲੱਖੀ ਸ਼ਰਮਾ, ਹਰੀਸ਼ ਸਿੰਗਲਾ ਸ਼ਿਵ ਸੈਨਾ, ਅਮਿਤ ਸਿੰਘ ਰਾਠੀ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਸਮਾਜ ਸੇਵਕ ਉਪਕਾਰ ਸਿੰਘ, ਜਥੇ. ਜਗਦੇਵ ਸਿੰਘ ਤੇਜਾ, ਬਿਕਰਮਜੀਤ ਸਿੰਘ, ਜਥੇਦਾਰ ਮੋਹਨ ਸਿੰਘ ਕਰਤਾਰਪੁਰ, ਚਰਨਜੀਤ ਸਿੰਘ ਮੱਟੂ ਪ੍ਰਧਾਨ ਬਾਬਾ ਜੀਵਨ ਸਿੰਘ ਨਿਸ਼ਕਾਮ ਸੇਵਾ ਸੁਸਾਇਟੀ ਨੇ ਵੀ ਪਹੁੰਚ ਕੇ ਸਹਿਯੋਗ ਦਿੱਤਾ।

ਧਰਮਕੋਟ ਪੱਤਣ ਵਿਖੇ ਰਾਵੀ ਦਰਿਆ ਦੇ ਬੰਨ੍ਹ ਦਾ ਜਾਇਜ਼ਾ ਲੈਣ ਮੌਕੇ ਡਾ. ਵਿਕਰਮਜੀਤ ਸਿੰਘ ਸਾਹਨੀ, ਨਾਲ ਪ੍ਰਸ਼ਾਸਨਿਕ ਅਧਿਕਾਰੀ ਤੇ ਹੋਰ। ਤਸਵੀਰ : ਹੀਰਾ ਸਿੰਘ ਮਾਂਗਟ

ਡਾ. ਸਾਹਨੀ ਨੇ ਰਾਵੀ ਦਰਿਆ ਦੇ ਬੰਨ੍ਹ 'ਤੇ ਰੇਤਾ ਹਟਾਉਣ ਦੇ ਕਾਰਜਾਂ ਦਾ ਲਿਆ ਜਾਇਜ਼ਾ

ਡੇਰਾ ਬਾਬਾ ਨਾਨਕ (ਬਟਾਲਾ), 19 ਅਕਤੂਬਰ (ਹੀਰਾ ਸਿੰਘ ਮਾਂਗਟ)-ਰਾਜ ਸਭਾ ਮੈਂਬਰ ਡਾ. ਵਿਕਰਮਜੀਤ ਸਿੰਘ ਸਾਹਨੀ ਵਲੋਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਦੇ ਨਾਲ ਧਰਮਕੋਟ ਪੱਤਣ ਵਿਖੇ ਚੱਲ ਰਹੇ ਬੰਨ੍ਹ ਬੰਨਣ ਅਤੇ ਰੇਤਾ ਹਟਾਉਣ ਦੇ ਕਾਰਜਾਂ ਦਾ ਜਾਇਜ਼ਾ ਲਿਆ ਗਿਆ। ਇਹ ਕਾਰਜ ਬੀਤੇ ਦਿਨੀਂ ਆਏ ਹੜ੍ਹਾਂ ਤੋਂ ਬਾਅਦ ਬਾਬਾ ਸਤਨਾਮ ਸਿੰਘ ਕਿਲ੍ਹਾ ਆਨੰਦਪੁਰ ਸਾਹਿਬ ਅਤੇ ਡਾ. ਸਾਹਨੀ ਵਲੋਂ ਸਾਂਝੇ ਤੌਰ 'ਤੇ ਸ਼ੁਰੂ ਕੀਤਾ ਗਿਆ ਸੀ। ਇਸ ਰੇਤਾ ਚੁੱਕਣ (ਡੀ-ਸਿਲਟਿੰਗ) ਮੁਹਿਮ ਦਾ ਉਦੇਸ਼ ਲਗਭਗ 300 ਏਕੜ ਉਪਜਾਊ ਜ਼ਮੀਨ ਨੂੰ ਫਿਰ ਤੋਂ ਖੇਤੀ ਯੋਗ ਬਣਾਉਣਾ ਹੈ। ਡਾ. ਸਾਹਨੀ ਨੇ ਸਥਾਨਕ ਔਰਤਾਂ ਨਾਲ ਵੀ ਮੁਲਾਕਾਤ ਕੀਤੀ, ਜਿਨ੍ਹਾਂ ਨੇ ਹੜ੍ਹ ਦੀ ਬਰਬਾਦੀ ਤੋਂ ਬਾਅਦ ਆਪਣੀ ਰੋਜ਼ੀ-ਰੋਟੀ ਮੁੜ ਸ਼ੁਰੂ ਕਰਨ ਲਈ ਸਵੈ-ਸਹਾਇਤਾ ਸਮੂਹ ਬਣਾਏ ਹਨ। ਡਾ. ਸਾਹਨੀ ਨੇ ਔਰਤਾਂ ਦੇ ਯਤਨਾਂ ਦਾ ਸਹਿਯੋਗ ਦੇਣ ਲਈ 10 ਸਿਲਾਈ ਮਸ਼ੀਨਾਂ ਵੰਡੀਆਂ, ਜਿਨ੍ਹਾਂ ਨਾਲ ਉਨ੍ਹਾਂ ਨੂੰ ਰੋਜ਼ੀ-ਰੋਟੀ ਕਮਾਉਣ 'ਚ ਮਦਦ ਮਿਲੇਗੀ। ਡਾ. ਸਾਹਨੀ ਨੇ ਕਿਹਾ ਕਿ ਉਦੇਸ਼ ਸਿਰਫ਼ ਮਿੱਟੀ ਨੂੰ ਹਟਾਉਣਾ ਨਹੀਂ ਹੈ, ਬਲਕਿ ਜ਼ਮੀਨ ਦੀ ਉਤਪਾਦਕਤਾ ਨੂੰ ਮੁੜ ਸਥਾਪਿਤ ਕਰਨਾ ਅਤੇ ਸਥਾਨਕ ਲੋਕਾਂ ਨੂੰ ਸਮਰੱਥ ਬਣਾਉਣਾ ਵੀ ਹੈ। ਇਸ ਮੌਕੇ ਐਸ.ਐਸ.ਪੀ. ਬਟਾਲਾ ਸੁਹੇਲ ਕਾਸਿਮ ਮੀਰ, ਐਸ.ਡੀ.ਐਮ. ਡੇਰਾ ਬਾਬਾ ਨਾਨਕ ਆਦਿਤਿਆ ਸ਼ਰਮਾ, ਬੀ.ਡੀ.ਪੀ.ਓ. ਅਮਨਦੀਪ ਕੌਰ ਆਦਿ ਪ੍ਰਸ਼ਾਸਨਿਕ ਅਧਿਕਾਰੀ ਹਾਜ਼ਰ ਸਨ।

ਸਿੰਧ 'ਚ ਸੁਣਨ ਤੇ ਬੋਲਣ ਤੋਂ ਅਸਮਰੱਥ ਹਿੰਦੂ ਨਾਬਾਲਗ ਦਾ ਕਰਵਾਇਆ ਜਬਰੀ ਧਰਮ ਪਰਿਵਰਤਨ ਤੇ ਨਿਕਾਹ

ਅੰਮ੍ਰਿਤਸਰ, 19 ਅਕਤੂਬਰ (ਸੁਰਿੰਦਰ ਕੋਛੜ)-ਪਾਕਿਸਤਾਨ ਦੇ ਸਿੰਧ ਸੂਬੇ 'ਚ ਸੁਣਨ ਤੇ ਬੋਲਣ ਤੋਂ ਅਸਮਰਥ ਹਿੰਦੂ ਨਾਬਾਲਗ ਹਿਮਾਨ ਕੋਲਹੀ ਨੂੰ ਅਗਵਾ ਕਰਕੇ ਜ਼ਬਰਦਸਤੀ ਧਰਮ ਪਰਿਵਰਤਨ ਅਤੇ ਉਸ ਦਾ ਨਿਕਾਹ ਕਰਵਾਏ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਦਰਾਵੜ ਇਤਿਹਾਦ ਪਾਕਿਸਤਾਨ ਸੰਗਠਨ ਦੇ ਮੁਖੀ ਸ਼ਿਵਾ ਕਾਚੀ ਨੇ ਦੱਸਿਆ ਕਿ ਉਕਤ 15 ਸਾਲਾ ਹਿੰਦੂ ਲੜਕੀ ਲਗਭਗ 9 ਦਿਨਾਂ ਤੋਂ ਲਾਪਤਾ ਸੀ ਅਤੇ ਉਸ ਦੇ ਮਾਪਿਆਂ ਵਲੋਂ ਉਥੋਂ ਦੇ ਸਥਾਨਕ ਪੁਲਿਸ ਥਾਣੇ 'ਚ ਅਗਵਾ ਦੀ ਸ਼ਿਕਾਇਤ ਦਰਜ ਕਰਵਾਉਣ ਉਪਰੰਤ ਅੱਜ ਹਿਮਾਨ ਆਪਣੇ ਕਥਿਤ ਪਤੀ ਗ਼ੁਲਾਮ ਹੁਸੈਨ ਉਰਫ਼ ਅਬੂ ਲੋਂਜੋ ਨਾਲ ਬਦੀਨ ਪ੍ਰੈੱਸ ਕਲੱਬ 'ਚ ਮੀਡੀਆ ਦੇ ਸਾਹਮਣੇ ਪੇਸ਼ ਹੋਈ। ਉਸ ਨੇ ਪੱਤਰਕਾਰਾਂ ਨੂੰ ਇਸਲਾਮ ਧਰਮ ਪਰਿਵਰਤਨ ਅਤੇ ਨਿਕਾਹ ਦਾ ਸਰਟੀਫਿਕੇਟ ਵੀ ਵਿਖਾਇਆ। ਸੂਬਾ ਸਿੰਧ ਦੇ ਬਦੀਨ ਜ਼ਿਲ੍ਹੇ ਦੇ ਕੋਰੋਹਾ ਕਸਬੇ ਦੀ ਰਹਿਣ ਵਾਲੀ ਨਾਬਾਲਗ ਦੇ ਪਿਤਾ ਹੀਰੋ ਕੋਲਹੀ ਨੇ ਸਵਾਲ ਕੀਤਾ ਕਿ ਉਸ ਦੀ ਧੀ ਇਕ ਅਜਿਹੇ ਆਦਮੀ ਨਾਲ ਵਿਆਹ ਕਰਨ ਲਈ ਕਿਵੇਂ ਸਹਿਮਤ ਹੋ ਸਕਦੀ ਹੈ, ਜੋ ਕਿ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਹੋਰ ਅਪਰਾਧਾਂ 'ਚ ਸ਼ਾਮਿਲ ਅਤੇ 7 ਧੀਆਂ ਦਾ ਪਿਤਾ ਹੈ। ਸ਼ਿਵਾ ਕਾਚੀ ਨੇ ਸੀਨੀਅਰ ਪੁਲਿਸ ਅਧਿਕਾਰੀਆਂ ਨੂੰ ਸੁਤੰਤਰ ਜਾਂਚ ਦੀ ਮੰਗ ਕਰਦੇ ਹੋਏ ਕਿਹਾ ਕਿ ਜਿਸ ਕੁੜੀ ਨੇ ਬੋਲੀ ਹੋਣ ਕਰਕੇ ਕਦੇ ਅਜ਼ਾਨ ਨਹੀਂ ਸੁਣੀ ਅਤੇ ਨਾ ਕਦੇ ਕਲਮਾ ਪੜ੍ਹਿਆ, ਉਹ ਇਸਲਾਮ ਕਿਵੇਂ ਅਪਣਾ ਸਕਦੀ ਹੈ।

ਹਿਮਾਨ ਕੋਲਹੀ

ਗ਼ੁਲਾਮ ਹੁਸੈਨ ਉਰਫ਼ ਅਬੂ ਲੋਂਜੋ

ਕੇਂਦਰੀ ਜੇਲ੍ਹ 'ਚੋਂ ਭਾਰੀ ਮਾਤਰਾ ਵਿਚ ਨਸ਼ੀਲੇ ਪਦਾਰਥ ਬਰਾਮਦ

ਲੁਧਿਆਣਾ, 19 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਸਥਾਨਕ ਕੇਂਦਰੀ ਜੇਲ੍ਹ ਵਿਚ ਅਧਿਕਾਰੀਆਂ ਵਲੋਂ ਕੀਤੀ ਗਈ ਚੈਕਿੰਗ ਦੌਰਾਨ ਭਾਰੀ ਮਾਤਰਾ ਵਿਚ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ ਹਨ। ਜਾਣਕਾਰੀ ਅਨੁਸਾਰ ਪਹਿਲੇ ਮਾਮਲੇ ਵਿਚ ਪੁਲਿਸ ਵਲੋਂ ਸਹਾਇਕ ਸੁਪਰਡੈਂਟ ਦੌਲਤ ਰਾਮ ਦੀ ਸ਼ਿਕਾਇਤ 'ਤੇ ਹਰਸ਼ਦੀਪ ਸਿੰਘ ਅਤੇ ਹਰਪ੍ਰੀਤ ਸਿੰਘ ਨਾਮੀ ਬੰਦੀਆਂ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਜੇਲ੍ਹ ਅਧਿਕਾਰੀ ਮੁਤਾਬਿਕ ਜਦੋਂ ਬੀਤੇ ਦਿਨ ਉਨ੍ਹਾਂ ਨੇ ਜੇਲ੍ਹ ਦੀ ਬੈਰਕਾਂ ਦੀ ਚੈਕਿੰਗ ਕੀਤੀ ਤਾਂ ਇਹਨਾਂ ਕਥਿਤ ਦੋਸ਼ੀਆਂ ਦੇ ਕਬਜ਼ੇ ਵਿਚੋਂ 200 ਗ੍ਰਾਮ ਜਰਦਾ ਅਤੇ ਨਸ਼ੀਲਾ ਪਾਊਡਰ ਬਰਾਮਦ ਕੀਤਾ ਗਿਆ। ਜੇਲ੍ਹ ਅਤੇ ਪੁਲਿਸ ਅਧਿਕਾਰੀ ਇਸ ਗੱਲ ਦੀ ਜਾਂਚ ਕਰ ਰਹੇ ਹਨ ਕਿ ਜੇਲ੍ਹ ਅੰਦਰ ਇਹ ਨਸ਼ੀਲਾ ਪਦਾਰਥ ਕਿਸ ਤਰੀਕੇ ਨਾਲ ਲਿਆਂਦਾ ਗਿਆ ਹੈ। ਦੂਜੇ ਅਜਿਹੇ ਮਾਮਲੇ ਵਿਚ ਪੁਲਿਸ ਨੇ ਸਹਾਇਕ ਸੁਪਰਡੈਂਟ ਵਿਜੇ ਕੁਮਾਰ ਦੀ ਸ਼ਿਕਾਇਤ 'ਤੇ ਗਗਨਦੀਪ ਸਿੰਘ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਪੁਲਿਸ ਪਾਸ ਲਿਖਵਾਈ ਮੁੱਢਲੀ ਰਿਪੋਰਟ ਵਿਚ ਜੇਲ੍ਹ ਅਧਿਕਾਰੀ ਨੇ ਦੱਸਿਆ ਕਿ ਜਦੋਂ ਬੀਤੇ ਦਿਨ ਜੇਲ੍ਹ ਬੈਰਕਾਂ ਦੀ ਚੈਕਿੰਗ ਕੀਤੀ ਤਾਂ ਕਥਿਤ ਦੋਸ਼ੀ ਦੇ ਕਬਜ਼ੇ ਵਿਚੋਂ ਨਸ਼ੀਲਾ ਪਾਊਡਰ ਅਤੇ ਤੰਬਾਕੂ ਬਰਾਮਦ ਕੀਤਾ ਗਿਆ। ਜੇਲ੍ਹ ਅਧਿਕਾਰੀਆਂ ਵਲੋਂ ਇਹ ਮਾਮਲਾ ਪੁਲਿਸ ਹਵਾਲੇ ਕਰ ਦਿੱਤਾ ਗਿਆ ਸੀ। ਪੁਲਿਸ ਵਲੋਂ ਹੁਣ ਇਸ ਮਾਮਲੇ ਵਿਚ ਕੇਸ ਦਰਜ ਕਰ ਲਿਆ ਗਿਆ ਹੈ ਤੇ ਜਾਂਚ ਕੀਤੀ ਜਾ ਰਹੀ ਹੈ।

ਗੁਆਂਢੀ ਵਲੋਂ ਚਲਾਈਆਂ ਗੋਲੀਆਂ 'ਚ ਹੌਜ਼ਰੀ ਵਪਾਰੀ ਜ਼ਖ਼ਮੀ

ਲੁਧਿਆਣਾ, 19 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਥਾਣਾ ਬਸਤੀ ਜੋਧੇਵਾਲ ਦੇ ਘੇਰੇ ਅੰਦਰ ਪੈਂਦੇ ਇਲਾਕੇ ਪ੍ਰੇਮ ਵਿਹਾਰ ਕਾਲੋਨੀ ਵਿਚ ਅੱਜ ਸ਼ਾਮ ਗੁਆਂਢੀ ਵਲੋਂ ਚਲਾਈਆਂ ਗਈਆਂ ਗੋਲੀਆਂ ਵਿਚ ਇਕ ਹੌਜ਼ਰੀ ਵਪਾਰੀ ਜ਼ਖਮੀ ਹੋ ਗਿਆ। ਉਸ ਨੂੰ ਇਲਾਜ ਲਈ ਹਸਪਤਾਲ ਲਿਆਂਦਾ ਗਿਆ, ਜਿੱਥੇ ਉਸ ਦੀ ਹਾਲਤ ਸਥਿਰ ਦੱਸੀ ਜਾਂਦੀ ਹੈ। ਜਾਣਕਾਰੀ ਅਨੁਸਾਰ ਜ਼ਖਮੀ ਹੋਏ ਹੌਜ਼ਰੀ ਵਪਾਰੀ ਦੀ ਸ਼ਨਾਖਤ ਵਿਨੋਦ ਸ਼ਰਮਾ ਵਜੋਂ ਕੀਤੀ ਗਈ ਹੈ, ਉਸ ਦੀ ਉਮਰ 32 ਸਾਲ ਦੇ ਕਰੀਬ ਸੀ। ਅੱਜ ਸ਼ਾਮ ਵਿਨੋਦ ਸ਼ਰਮਾ ਆਪਣੀ ਗਲੀ ਵਿਚ ਖੜ੍ਹਾ ਸੀ ਕਿ ਇਸ ਦੌਰਾਨ ਕਥਿਤ ਦੋਸ਼ੀ ਸੰਜੇ ਸ਼ਰਮਾ ਆਪਣੇ ਦੋ ਸਾਥੀਆਂ ਨਾਲ ਉਥੇ ਆਇਆ ਤੇ ਉਸ ਨੇ ਵਿਨੋਦ ਸ਼ਰਮਾ 'ਤੇ ਕਥਿਤ ਤੌਰ 'ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ।

ਰਾਵੀ ਤੇ ਸਤਲੁਜ ਦਰਿਆਵਾਂ ਨੂੰ ਸਾਫ਼ ਕਰ ਕੇ ਡੂੰਘਾ ਤੇ ਚੌੜਾ ਕੀਤਾ ਜਾਵੇਗਾ-ਚੀਮਾ

ਬਿਆਸ ਦਰਿਆ ਦੀ ਸਫ਼ਾਈ ਲਈ ਕੇਂਦਰ ਤੋਂ ਇਜਾਜ਼ਤ ਮੰਗੀ

ਦਿੜ੍ਹਬਾ ਮੰਡੀ, 19 ਅਕਤੂਬਰ (ਹਰਬੰਸ ਸਿੰਘ ਛਾਜਲੀ)-ਦਿੜ੍ਹਬਾ ਵਿਖੇ ਪੰਜਾਬ ਦੇ ਵਿੱਤ ਅਤੇ ਯੋਜਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਨੂੰ ਹੜ੍ਹ ਦੀ ਕਰੋਪੀ ਤੋਂ ਸਦਾ ਲਈ ਬਚਾਉਣ ਖ਼ਾਤਰ ਬਹੁਤ ਗੰਭੀਰ ਹੈ। ਇਸੇ ਕਰਕੇ ਹੀ ਜਿਥੇ ਰਾਵੀ ਅਤੇ ਸਤਲੁਜ ਦਰਿਆਵਾਂ ਨੂੰ ਸਾਫ਼ ਕਰਕੇ ਡੂੰਘਾ ਅਤੇ ਚੌੜਾ ਕਰਨ ਦਾ ਪ੍ਰਸਤਾਵ ਹੈ, ਉਥੇ ਹੀ ਬਿਆਸ ਦਰਿਆ ਦੀ ਸਫ਼ਾਈ ਲਈ ਵੀ ਕੇਂਦਰ ਸਰਕਾਰ ਤੋਂ ਇਜਾਜ਼ਤ ਮੰਗੀ ਗਈ ਹੈ। ਉਨ੍ਹਾਂ ਕਿਹਾ ਕਿ ਸਾਲ 2023 ਅਤੇ ਸਾਲ 2025 'ਚ ਹੜ੍ਹਾਂ ਕਰਕੇ ਪੰਜਾਬ ਦੇ ਲੋਕਾਂ ਦਾ ਬਹੁਤ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਸੂਬੇ ਨੂੰ ਹੜ੍ਹ ਵਰਗੀ ਸਥਿਤੀ ਤੋਂ ਪੱਕੇ ਤੌਰ 'ਤੇ ਸੁਰੱਖਿਅਤ ਕਰਨ ਲਈ ਦਰਿਆਵਾਂ ਦੀ ਸਫ਼ਾਈ (ਡੀਸਿਲਟਿੰਗ) ਕਰਵਾਉਣ ਦੀ ਵੱਡੀ ਲੋੜ ਹੈ। ਉਨ੍ਹਾਂ ਦੱਸਿਆ ਕਿ ਰਾਵੀ ਅਤੇ ਸਤਲੁਜ ਦਰਿਆਵਾਂ ਨੂੰ ਸਾਫ਼ ਕਰਕੇ ਡੂੰਘਾ ਅਤੇ ਚੌੜਾ ਕਰਨ ਦਾ ਕੰਮ ਪੰਜਾਬ ਸਰਕਾਰ ਦੇ ਅਧਿਕਾਰ ਖੇਤਰ ਵਿਚ ਹੈ, ਜਦਕਿ ਬਿਆਸ ਨੂੰ ਕੇਂਦਰ ਸਰਕਾਰ ਵਲੋਂ ਰਾਮਸਰ ਸਾਈਟ ਐਲਾਨਿਆ ਗਿਆ ਹੈ, ਜਿਸ ਦੀ ਸਫ਼ਾਈ ਲਈ ਕੇਂਦਰ ਸਰਕਾਰ ਦੀ ਮਨਜ਼ੂਰੀ ਲਾਜ਼ਮੀ ਹੈ।

ਕੱਲ੍ਹ ਰਿਲੀਜ਼ ਲਈ ਪੂਰੀ ਤਰ੍ਹਾਂ ਤਿਆਰ ਹੈ ਫ਼ਿਲਮ 'ਗੋਡੇ ਗੋਡੇ ਚਾਅ 2'

ਜਲੰਧਰ, 19 ਅਕਤੂਬਰ (ਅਜੀਤ ਬਿਊਰੋ)-ਜ਼ੀ ਸਟੂਡੀਓਜ਼ ਵਲੋਂ ਵੀ.ਐਚ. ਐਂਟਰਟੇਨਮੈਂਟ ਦੇ ਨਾਲ ਮਿਲ ਕੇ ਇਸ ਦੀਵਾਲੀ 'ਵੀਕਐਂਡ' ਉਤੇ 21 ਅਕਤੂਬਰ, 2025 ਨੂੰ ਬੇਸਬਰੀ ਨਾਲ ਉਡੀਕ ਕੀਤੀ ਜਾ ਰਹੀ ਪੰਜਾਬੀ 'ਫੈਮਿਲੀ ਐਂਟਰਟੇਨਰ' ਫਿਲਮ 'ਗੋਡੇ ਗੋਡੇ ਚਾਅ 2' ਰਿਲੀਜ਼ ਕੀਤੀ ਜਾ ਰਹੀ ਹੈ। ਫਿਲਮ 'ਚ ਐਮੀ ਵਿਰਕ, ਤਾਨੀਆ, ਗੁਰਜੈਜ਼, ਗੀਤਾਂਜ਼ ਬਿੰਦਰਾਖੀਆ, ਨਿਕੀਤ ਢਿੱਲੋਂ, ਅਮ੍ਰਿਤ ਐਂਬੀ, ਮਿੱਟੂ ਕਾਪਾ, ਸਰਦਾਰ ਸੋਹੀ, ਨਿਰਮਲ ਰਿਸ਼ੀ, ਰੁਪਿੰਦਰ ਰੂਪੀ ਤੇ ਗੁਰਪ੍ਰੀਤ ਭੰਗੂ ਅਹਿਮ ਭੂਮਿਕਾਵਾਂ 'ਚ ਨਜ਼ਰ ਆਉਣਗੇ।ਮਸ਼ਹੂਰ ਲੇਖਕ ਜਗਦੀਪ ਸਿੱਧੂ ਵਲੋਂ ਲਿਖੀ ਅਤੇ ਵਿਜੈ ਕੁਮਾਰ ਅਰੋੜਾ ਦੇ ਨਿਰਦੇਸ਼ਨ ਹੇਠ ਬਣੀ ਇਹ ਫਿਲਮ ਹਰ ਉਮਰ ਦੇ ਦਰਸ਼ਕਾਂ ਲਈ ਹਾਸਾ, ਜਜ਼ਬਾਤ ਅਤੇ ਪੁਰਾਣੀਆਂ ਯਾਦਾਂ ਵਾਪਸ ਲਿਆਉਣ ਦਾ ਵਾਅਦਾ ਕਰਦੀ ਹੈ। ਕਹਾਣੀ ਪਹਿਲੀ ਫਿਲਮ 'ਗੋਡੇ ਗੋਡੇ ਚਾਅ' ਦੀ ਵਿਰਾਸਤ ਨੂੰ ਖੂਬਸੂਰਤੀ ਨਾਲ ਅੱਗੇ ਵਧਾਉਂਦੀ ਹੈ, ਜਿਸ ਨੂੰ ਸਰਬੋਤਮ ਪੰਜਾਬੀ ਫਿਲਮ ਦਾ ਕੌਮੀ ਐਵਾਰਡ ਮਿਲਿਆ ਸੀ। ਫਿਲਮ ਦਾ ਸੰਗੀਤ ਪਹਿਲਾਂ ਹੀ ਸੋਸ਼ਲ ਮੀਡੀਆ 'ਤੇ ਛਾਇਆ ਹੋਇਆ ਹੈ। ਇਸ